**ਰੋਜ਼ਾਨਾ ਲੋਕ ਬਾਣੀ**

ਅਖਬਾਰ ਵੱਲੋਂ ਨਸ਼ਿਆਂ ਖਿਲਾਫ਼ ਛੇੜੀ ਗਈ ਮੁਹਿੰਮ ਜੇਕਰ ਤੁਹਾਡੇ ਮੁਹੱਲੇ, ਪਿੰਡ, ਕਸਬੇ ਜਾਂ ਨੇੜੇ ਕੋਈ ਨਸ਼ਾ ਵੇਚ ਰਿਹਾ ਹੈ ਜਾਂ ਸਮੱਗਲਰ ਹੈ ਤਾਂ ਸਾਡੇ ਨਾਲ ਸੰਪਰਕ ਕਰੋ ਤਾਂ ਜੋ ਅਸੀ ਪ੍ਰਸ਼ਾਸਨ ਤੱਕ ਉਨ੍ਹਾਂ ਦੇ ਕਾਲੇ ਕਾਰਨਾਮੇ ਦੱਸ ਕੇ ਜੇਲ੍ਹ ਭੇਜ ਸਕੀਏ। ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ। ਤੁਸੀਂ ਸਾਨੂੰ ਫੋਨ ਜਾਂ ਸੁਨੇਹਾ ਭੇਜ ਸਕਦੇ ਹੋ।

ਸੰਪਰਕ ਕਰੋ : 0181-2211009

99155-94111



ਰੋਜ਼ਾਨਾ

ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : Lokbani08@gmail.com

16 ਮਾਰਚ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)



ਰੋਜ਼ਾਨਾ 'ਲੋਕ ਬਾਣੀ' ਨਿਊਜ਼ ਨੂੰ

ਪੱਤਰਕਾਰਾਂ ਦੀ ਲੋੜ

ਸੰਪਰਕ ਕਰੋ

99155-94111

ਪਤਾ :- ਸੰਗਮ ਕੌਂਪਲੈਕਸ, ਨੇੜੇ ਮਿਲਾਪ ਚੌਕ, ਜਲੰਧਰ (ਪੰਜਾਬ)



R.N.I. /Punpun/29016/2008/ ● ਸਾਲ : 15 ● ਅੰਕ : 73 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111




## ਚੀਨ ਨੇ ਸੈਲਾਨੀਆਂ ਲਈ ਖੋਲੀਆਂ ਸਰਹੱਦਾਂ

**ਹਾਂਗਕਾਂਗ/ਲੋਕ ਬਾਣੀ**

ਚੀਨ ਕੋਵਿਡ -19 ਮਹਾਂਮਾਰੀ ਕਾਰਨ ਤਿੰਨ ਸਾਲਾਂ ਦੇ ਅੰਤਰਾਲ ਤੋਂ ਬਾਅਦ ਸੈਲਾਨੀਆਂ ਲਈ ਆਪਣੀਆਂ ਸਰਹੱਦਾਂ ਦੁਬਾਰਾ ਖੋਲ ਰਿਹਾ ਹੈ ਅਤੇ ਬੁੱਧਵਾਰ ਤੋਂ ਵੀਜ਼ਾ ਜਾਰੀ ਕਰਨਾ ਸ਼ੁਰੂ ਕਰ ਦੇਵੇਗਾ। ਇਹ ਐਲਾਨ ਮੰਗਲਵਾਰ ਨੂੰ ਕੀਤਾ ਗਿਆ। ਇਸ ਤੋਂ ਪਹਿਲਾਂ ਫਰਵਰੀ ਵਿੱਚ, ਇਸ ਨੇ ਕੋਵਿਡ ਉੱਤੇ ਫੈਸਲਾਕੁੰਨ ਜਿੱਤ ਦਾ ਐਲਾਨ ਕੀਤਾ ਸੀ। ਚੀਨ ਨੇ ਇਹ ਕਦਮ ਆਪਣੇ ਸੈਰ-ਸਪਾਟੇ ਅਤੇ ਆਰਥਿਕਤਾ ਨੂੰ ਹੁਲਾਰਾ ਦੇਣ ਦੀਆਂ ਕੋਸ਼ਿਸ਼ਾਂ ਵਿਚਕਾਰ ਚੁੱਕਿਆ ਹੈ। ਚੀਨ ਸੈਲਾਨੀਆਂ ਲਈ ਆਪਣੀਆਂ ਸਰਹੱਦਾਂ ਮੁੜ ਖੋਲਣ ਵਾਲੇ ਆਖਰੀ ਵੱਡੇ ਦੇਸ਼ਾਂ ਵਿੱਚੋਂ ਇੱਕ ਹੈ। ਚੀਨ ਬੁੱਧਵਾਰ ਤੋਂ ਹਰ ਤਰਾਂ ਦੇ ਵੀਜ਼ੇ ਜਾਰੀ ਕਰਨਾ ਸ਼ੁਰੂ ਕਰ ਦੇਵੇਗਾ। ਕੁਝ ਸਥਾਨਾਂ 'ਤੇ ਵੀਜ਼ਾ-ਮੁਕਤ ਦਾਖਲਾ ਵੀ ਮੁੜ ਸ਼ੁਰੂ ਹੋ ਜਾਵੇਗਾ। ਘੋਸ਼ਣਾ ਵਿੱਚ ਇਹ ਸਪੱਸ਼ਟ ਨਹੀਂ ਕੀਤਾ ਗਿਆ ਸੀ ਕਿ ਕੀ ਸੈਲਾਨੀਆਂ ਲਈ ਟੀਕਾਕਰਨ ਸਰਟੀਫਿਕੇਟ ਜਾਂ ਕੋਵਿਡ ਟੈਸਟ ਦੀ ਨਕਾਰਾਤਮਕ ਰਿਪੋਰਟ ਦੀ ਲੋੜ ਹੋਵੇਗੀ।

## 700 ਭਾਰਤੀ ਵਿਦਿਆਰਥੀ ਕੈਨੇਡਾ ਤੋਂ ਹੋਣਗੇ ਡਿਪੋਰਟ



**ਟੋਰਾਂਟੋ/ਲੋਕ ਬਾਣੀ**

ਕੈਨੇਡੀਅਨ ਬਾਰਡਰ ਸਕਿਓਰਿਟੀ ਏਜੰਸੀ ਨੇ 700 ਤੋਂ ਵੱਧ ਭਾਰਤੀ ਵਿਦਿਆਰਥੀਆਂ ਨੂੰ ਡਿਪੋਰਟ ਕਰਨ ਦੇ ਨੋਟਿਸ ਜਾਰੀ ਕੀਤੇ ਹਨ, ਜਿਨਾਂ ਦੇ ਵਿਦਿਅਕ ਅਦਾਰਿਆਂ ਵਿਚ ਦਾਖਲੇ ਸਬੰਧੀ ਆਫਰ ਲੈਟਰ ਫਰਜ਼ੀ ਪਾਏ ਗਏ ਸਨ। ਟੋਰਾਂਟੋ ਦੀ ਵੈੱਬਸਾਈਟ indianarrative.com ਦੀ ਰਿਪੋਰਟ ਅਨੁਸਾਰ ਬਾਰਵੀਂ ਪਾਸ ਕਰਨ ਤੋਂ ਬਾਅਦ ਬ੍ਰਿਜੇਸ਼ ਮਿਸ਼ਰਾ ਦੀ ਅਗਵਾਈ ਵਾਲੇ ਐਜੂਕੇਸ਼ਨ ਮਾਈਗ੍ਰੇਸ਼ਨ ਸਰਵਿਸਿਜ਼, ਜਲੰਧਰ ਰਾਹੀਂ ਲਗਪਗ 700 ਵਿਦਿਆਰਥੀਆਂ ਨੇ ਸਟੱਡੀ ਵੀਜ਼ਾ ਲਈ ਅਪਲਾਈ ਕੀਤਾ। ਇਹ ਵੀਜ਼ਾ ਅਰਜ਼ੀਆਂ 2018 ਤੋਂ 2022 ਤਕ ਦਾਇਰ ਕੀਤੀਆਂ ਗਈਆਂ ਸਨ।

## ਰਾਜਧਾਨੀ ਦੇ ਥਾਣੇ ਵਿੱਚ ਲੱਗੀ ਅੱਗ

**ਦਿੱਲੀ/ਕਪੂਰ**

ਰੋਹਿਨੀ ਸੈਕਟਰ 17 ਵਿਖੇ ਅੱਜ ਦੁਪਹਿਰ 3 ਵਜੇ ਦਿੱਲੀ ਸਾਈਬਰਕ੍ਰਾਈਮ ਥਾਣੇ 'ਚ ਅੱਗ ਲੱਗ ਗਈ। ਇਸ ਦੌਰਾਨ ਫ਼ਾਇਰ ਬ੍ਰਿਗੇਡ ਦੀਆਂ 5 ਗੱਡੀਆਂ ਮੌਕੇ 'ਤੇ ਪੁੱਜੀਆਂ ਹਨ। ਅੱਗ ਇਮਾਰਤ ਦੀ ਉਪਰਲੀ ਮੰਜ਼ਿਲ 'ਤੇ ਲੱਗੀ ਦੱਸੀ ਜਾ ਰਹੀ ਹੈ।

## ਲੱਖਾਂ ਦਾ ਸੋਨਾ ਬੈਂਗਲੂਰੂ ਹਵਾਈ ਅੱਡੇ ਤੋਂ ਕਾਬੂ



**ਬੈਂਗਲੁਰੂ/ਲੋਕ ਬਾਣੀ**

ਇਥੋਂ ਦੇ ਹਵਾਈ ਅੱਡੇ 'ਤੋਂ ਇੰਡੀਗੋ ਦੀ ਫਲਾਈਟ ਰਾਹੀਂ ਬੈਂਕਾਕ ਤੋਂ ਬੈਂਗਲੂਰੂ ਪਹੁੰਚੇ ਯਾਤਰੀ ਦੀਆਂ ਚੱਪਲਾਂ 'ਚੋਂ 1.2 ਕਿਲੋ ਸੋਨਾ ਮਿਲਣ ਦੀ ਖਬਰ ਮਿਲੀ ਹੈ। ਇਸ ਦੀ ਕੀਮਤ ਕਰੀਬ 69.40 ਲੱਖ ਰੁਪਏ ਦੱਸੀ ਜਾ ਰਹੀ ਹੈ। ਕਸਟਮ ਵਿਭਾਗ ਵਲੋਂ ਸੋਨੇ ਨੂੰ ਜ਼ਬਤ ਕਰ ਲਿਆ ਗਿਆ ਹੈ।

## ਡੀਜੀਪੀ ਕਰਣਗੇ ਲਾਰੈਂਸ ਦੇ ਇੰਟਰਵਿਊ ਦੀ ਜਾਂਚ



**ਜਲੰਧਰ/ਹਰਬੰਸ ਬਿੱਟੂ**

ਮੁੱਖ ਸਕੱਤਰ ਵੀਕੇ ਜੰਜੂਆ ਨੇ ਗੈਂਗਸਟਰ ਲਾਰੈਂਸ ਬਿਸ਼ਨੋਈ ਵੱਲੋਂ ਜੇਲ ਤੋਂ ਇੰਟਰਵਿਊ ਦੇਣ ਦੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ। ਮੁੱਖ ਸਕੱਤਰ ਨੇ ਡੀਜੀਪੀ ਗੌਰਵ ਯਾਦਵ ਨੂੰ ਜਾਂਚ ਦੇ ਹੁਕਮ ਦਿੱਤੇ ਹਨ। ਇੰਟਰਵਿਊ ਕਿਵੇਂ ਅਤੇ ਕਿੱਥੇ ਹੋਈ ਇਸ ਦੀ ਜਾਂਚ ਕੀਤੀ ਜਾਵੇਗੀ। ਵਿਭਾਗ ਅਗਲੇ 2 ਦਿਨਾਂ ਵਿੱਚ ਇਸ ਮਾਮਲੇ ਦੀ ਜਾਂਚ ਕਰੇਗਾ।

## ਇਮਰਾਨ ਖਾਨ ਨੇ ਆਪਣੀ ਪੁਲਿਸ 'ਤੇ ਲਾਏ ਗੰਭੀਰ ਆਰੋਪ



**ਲਾਹੌਰ/ਲੋਕ ਬਾਣੀ**

ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਤਹਿਰੀਕ-ਏ-ਇਨਸਾਫ਼ ਦੇ ਮੁੱਖੀ ਇਮਰਾਨ ਖ਼ਾਨ ਨੇ ਅੱਜ ਟਵੀਟ ਕਰਦਿਆਂ ਇਹ ਦੋਸ਼ ਲਗਾਇਆ ਕਿ ਪਾਕਿਸਤਾਨ ਪੁਲਿਸ ਦਾ ਅਸਲ ਇਰਾਦਾ ਮੈਨੂੰ ਅਗਵਾ ਅਤੇ ਕਤਲ ਕਰਨਾ ਸੀ। ਉਨਾਂ ਵਲੋਂ ਸਪੱਸ਼ਟ ਤੌਰ 'ਤੇ ਗ੍ਰਿਫ਼ਤਾਰੀ ਦਾ ਦਾਅਵਾ ਸਿਰਫ਼ ਡਰਾਮਾ ਸੀ। ਪਹਿਲਾਂ ਉਨਾਂ ਵਲੋਂ ਅੱਥਰੂ ਗੈਸ ਅਤੇ ਪਾਣੀ ਦੀਆਂ ਤੋਪਾਂ ਦੀਆਂ ਵਰਤੋਂ ਕੀਤੀ ਗਈ ਅਤੇ ਹੁਣ ਉਨਾਂ ਫ਼ਾਇਰਿੰਗ ਦਾ ਸਹਾਰਾ ਲਿਆ ਹੈ। ਇਮਰਾਨ ਖ਼ਾਨ ਨੇ ਕਿਹਾ ਕਿ ਮੈਂ ਬੀਤੀ ਸ਼ਾਮ ਜ਼ਮਾਨਤੀ ਬਾਂਡ 'ਤੇ ਦਸਤਖ਼ਤ ਕੀਤੇ ਪਰ ਡੀ. ਆਈ. ਜੀ. ਨੇ ਇਸ ਵੱਲ ਕੋਈ ਧਿਆਨ ਨਹੀਂ ਦਿੱਤਾ।

## ਪੈਲੇਸਾਂ 'ਚ ਹਥਿਆਰ ਲਿਜਾਣ 'ਤੇ ਗੋਲੀ ਚਲਾਉਣ ਵਾਲਿਆਂ ਦੀ ਹੁਣ ਖੈਰ ਨਹੀਂ



**ਅੰਮ੍ਰਿਤਸਰ/ਲੋਕ ਬਾਣੀ**

ਜ਼ਿਲਾ ਮੈਜਿਸਟਰੇਟ ਅੰਮ੍ਰਿਤਸਰ ਸ: ਹਰਪ੍ਰੀਤ ਸਿੰਘ ਸੂਦਨ ਨੇ ਜ਼ਾਬਤਾ ਫ਼ੌਜਦਾਰੀ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲੇ ਦੇ ਦਿਹਾਤੀ ਏਰੀਏ ਵਿਚ ਚੱਲ ਰਹੇ ਮੈਰਿਜ ਪੈਲੇਸਾਂ ਵਿਚ ਹਥਿਆਰ ਆਦਿ ਲੈ ਕੇ ਆਉਣ ਅਤੇ ਫਾਇਰ ਕਰਨ 'ਤੇ ਪੂਰਨ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਜਾਰੀ ਹੁਕਮ ਵਿਚ ਜ਼ਿਲਾ ਮੈਜਿਸਟਰੇਟ ਨੇ ਕਿਹਾ ਹੈ ਕਿ ਸੀਨੀਅਰ ਪੁਲਿਸ ਕਪਤਾਨ, ਅੰਮ੍ਰਿਤਸਰ (ਦਿਹਾਤੀ) ਨੇ ਉਨਾਂ ਦੇ ਧਿਆਨ ਵਿਚ ਲਿਆਂਦਾ ਹੈ ਕਿ ਕਾਫੀ ਗਿਣਤੀ ਵਿਚ ਮੈਰਿਜ ਪੈਲੇਸ ਚੱਲ ਰਹੇ ਹਨ ਅਤੇ ਇਨਾਂ ਪੈਲੇਸਾਂ ਵਿਚ ਹੁੰਦੇ ਸਮਾਰੋਹਾਂ ਦੌਰਾਨ ਕਈ ਲੋਕਾਂ ਵੱਲੋਂ ਹਥਿਆਰ ਨਾਲ ਲੈ ਕੇ ਜਾਣਾ ਅਤੇ ਹਵਾਈ ਫਾਇਰ ਕਰਨਾ ਇਕ ਜਸ਼ਨ ਜਿਹਾ ਬਣ ਗਿਆ ਹੈ, ਜਿਸ ਨਾਲ ਕਈ ਵਾਰ ਅਣਸੁਖਾਵੀਆਂ ਘਟਨਾਵਾਂ ਵਾਪਰਨ ਦੀ ਸੰਭਾਵਨਾ ਬਣੀ ਰਹਿੰਦੀ ਹੈ। ਇਸ ਲਈ ਜ਼ਿਲਾ ਦਿਹਾਤੀ ਇਲਾਕੇ ਵਿਚ ਚੱਲ ਰਹੇ ਮੈਰਿਜ ਪੈਲੇਸਾਂ ਅੰਦਰ ਹਥਿਆਰ ਲੈ ਕੇ ਜਾਣ ਅਤੇ ਹਵਾਈ ਫਾਇਰ ਕਰਨ 'ਤੇ ਰੋਕ ਲਗਾਈ ਜਾਣੀ ਅਤਿ ਜ਼ਰੂਰੀ ਹੈ।

## ਭਾਰਤੀ ਕਿਸਾਨ ਯੂਨੀਅਨ ਨੇ ਜੀ-20 ਸੰਮੇਲਨ ਦਾ ਕੀਤਾ ਰੋਸ

**ਚੰਡੀਗੜ/ਵਿਨੋਦ ਸ਼ਰਮਾ**



ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਦੇ ਸੱਦੇ 'ਤੇ ਹਜ਼ਾਰਾਂ ਕਿਸਾਨਾਂ, ਖ਼ੇਤ ਮਜ਼ਦੂਰਾਂ, ਔਰਤਾਂ, ਨੌਜਵਾਨਾਂ ਤੇ ਵਿਦਿਆਰਥੀਆਂ ਵਲੋਂ ਅੱਜ ਅੰਮ੍ਰਿਤਸਰ 'ਚ ਹੋ ਰਹੇ ਜੀ-20 ਸੰਮੇਲਨ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਦੌਰਾਨ ਉਨਾਂ ਦੇਸ਼ ਤੇ ਪੰਜਾਬ ਦੀ ਖ਼ੇਤੀ, ਸਨਅਤ, ਸਿੱਖਿਆ, ਸਿਹਤ, ਬਿਜਲੀ ਤੇ ਪਾਣੀ ਆਦਿ ਖ਼ੇਤਰਾਂ ਨੂੰ ਸਾਮਰਾਜੀਆਂ ਦੇ ਲੁਟੇਰੇ ਮੰਤਵਾਂ ਤੋਂ ਦੂਰ ਰੱਖਣ ਤੇ ਸੰਸਾਰ ਵਪਾਰ ਸੰਸਥਾ ਵਰਗੇ ਸਾਮਰਾਜੀ ਅਦਾਰਿਆਂ ਨਾਲ ਕੀਤੀਆਂ ਲੋਕ-ਧ੍ਰੋਹੀ ਸੰਧੀਆਂ ਰੱਦ ਕੀਤੇ ਜਾਣ ਦੀ ਮੰਗ ਕੀਤੀ।

## ਜੰਮੂ ਕਸ਼ਮੀਰ ਅਤੇ ਪੰਜਾਬ ਵਿੱਚ ਐਨ.ਆਈ.ਏ ਨੇ ਮਾਰੇ ਛਾਪੇ

**ਨਵੀਂ ਦਿੱਲੀ/ਕਪੂਰ**

ਰਾਸ਼ਟਰੀ ਜਾਂਚ ਏਜੰਸੀ ਨੇ ਪਾਕਿਸਤਾਨ ਸਥਿਤ ਪਾਬੰਦੀਸ਼ੁਦਾ ਸੰਗਠਨਾਂ ਵਲੋਂ ਨੌਜਵਾਨਾਂ ਨੂੰ ਕੱਟੜਪੰਥੀ ਬਣਾਉਣ ਲਈ ਰਚੀ ਗਈ ਦਹਿਸ਼ਤੀ ਸਾਜ਼ਿਸ਼ ਦੇ ਮਾਮਲੇ 'ਚ ਜੰਮੂ-ਕਸ਼ਮੀਰ ਅਤੇ ਪੰਜਾਬ ਵਿਚ 15 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਹੈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਕੇਂਦਰ ਸ਼ਾਸਿਤ ਪ੍ਰਦੇਸ਼ ਅਤੇ ਘੱਟ ਗਿਣਤੀ ਭਾਈਚਾਰਿਆਂ ਦੇ ਮੈਂਬਰਾਂ, ਸੁਰੱਖਿਆ ਕਰਮਚਾਰੀਆਂ ਅਤੇ ਧਾਰਮਿਕ ਸਮਾਗਮਾਂ ਅਤੇ ਗਤੀਵਿਧੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ।

## ਅੰਮ੍ਰਿਤਸਰ ਵਿੱਚ ਜੀ -20 ਦੀਆਂ ਰੌਣਕਾਂ



**ਅੰਮ੍ਰਿਤਸਰ/ਵਿਰਦੀ**

ਸ਼ਹਿਰ ਵਿਚ ਜੀ-20 ਦੀਆਂ ਰੌਣਕਾਂ ਲੱਗੀਆਂ ਹੋਈਆਂ ਹਨ। ਵੱਖ ਵੱਖ ਦੇਸ਼ਾਂ ਤੋਂ ਆਏ ਡੈਲੀਗੇਟਾਂ ਵਲੋਂ ਅੱਜ ਖ਼ਾਲਸਾ ਕਾਲਜ ਅੰਮ੍ਰਿਤਸਰ ਦਾ ਦੌਰਾ ਕੀਤਾ ਗਿਆ। ਆਏ ਹੋਏ ਮਹਿਮਾਨਾਂ ਦੇ ਸਵਾਗਤ ਲਈ ਸ਼ਹਿਰ ਨੂੰ ਪੰਜਾਬੀ ਸੱਭਿਆਚਾਰ ਦੇ ਰੰਗ 'ਚ ਰੰਗਿਆ ਗਿਆ ਹੈ।


DIPS IMT

RAMNEEK AVENUE, PATHANKOT BYE PASS JALANDHAR CITY

www.dipsimt@gmail.com (dipsimt@gmail.com)

DIPS INSTITUTE OF MANAGEMENT & TECHNOLOGY

CONTACT : 95010-00697, 97806-00998